ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨੇ ਕਿਸਾਨਾਂ ਵੱਲੋਂ ਝੋਨੇ ਦੀ ਪਰਾਲੀ ਸਾੜ੍ਹਨ ‘ਤੇ ਅਪਨਾਇਆ ਸਖਤ ਰੁਖ

- **ਉਲੰਘਣਾ ਕਰਨ ਵਾਲੇ ਕਿਸਾਨਾਂ ਨੂੰ 2,500 ਰੁਪਏ ਤੋਂ 15 ਹਜ਼ਾਰ ਰੁਪਏ ਤੱਕ ਹੋਵੇਗਾ ਜੁਰਮਾਨਾ**
- **ਝੋਨੇ ਦੀ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ/ਪਿੰਡਾਂ ਨੂੰ ਕੀਤਾ ਜਾਵੇਗਾ ਸਨਮਾਨਿਤ ਅਤੇ ਪੰਚਾਇਤਾਂ ਨੂੰ ਦਿੱਤੀਆਂ ਜਾਣਗੀਆਂ ਵਿਸ਼ੇਸ਼ ਗ੍ਰਾਂਟਾਂ-ਡਿਪਟੀ ਕਮਿਸ਼ਨਰ**
- **ਉਪ ਮੰਡਲ ਮੈਜਿਸਟ੍ਰੇਟਾਂ ਨੂੰ ਪਿੰਡਾਂ ਦੀ ਵਿਉਂਤਬੰਦੀ ਕਰਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਲਈ ਜਾਗਰੂਕ ਕਰਨ ਦੇ ਦਿੱਤੇ ਆਦੇਸ਼**
- **ਕਿਸਾਨ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨੂੰ ਸੰਭਾਲਣ ਲਈ ਖੇਤੀ ਮਸ਼ੀਨਰੀ ‘ਤੇ ਦਿੱਤੀ ਜਾ ਰਹੀ ਸਬਸਿਡੀ ਦਾ ਲਾਭ ਉਠਾਉਣ**

ਮੋਗਾ 20 ਸਤੰਬਰ:

ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਨਵੀਂ ਦਿੱਲੀ ਵੱਲੋਂ ਝੋਨੇ ਦੀ ਪਰਾਲੀ ਸਾੜ੍ਹਨ ‘ਤੇ ਪੂਰਣ ਪਾਬੰਦੀ ਲਗਾਈ ਗਈ ਹੈ ਅਤੇ ਉਲੰਘਣਾ ਕਰਨ ਵਾਲੇ ਕਿਸਾਨਾਂ ਨੂੰ 2,500 ਰੁਪਏ ਤੋਂ 15 ਹਜ਼ਾਰ ਰੁਪਏ ਤੱਕ ਜੁਰਮਾਨਾ ਹੋ ਸਕਦਾ ਹੈ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਆਈ.ਏ.ਐਸ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਝੋਨੇ ਦੀ ਪਰਾਲੀ ਨਾ ਸਾੜਨ ਬਾਰੇ ਕਿਸਾਨਾਂ ਨੂੰ ਜਾਗਰੂਕ ਕਰਨ ਸਬੰਧੀ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਰੁਝਾਨ ਪ੍ਰਤੀ ਸਖਤ ਰੁਖ ਅਪਨਾਉਂਦਿਆਂ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਨੂੰ ਸਹਿਕਾਰੀ ਸਭਾਵਾਂ ਵੱਲੋਂ ਦਿੱਤੇ ਜਾਣ ਵਾਲੇ ਕਰਜ਼ੇ, ਖੇਤੀ ਸੰਦ ਅਤੇ ਖੇਤੀ ਸਮਗਰੀ ਦੇਣ ਦੀ ਸਹੂਲਤ ਬੰਦ ਕੀਤੀ ਜਾਵੇਗੀ ਅਤੇ ਮਾਲ ਵਿਭਾਗ ਦੇ ਰਿਕਾਰਡ ਵਿੱਚ ਲਾਲ ਇੰਦਰਾਜ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਰਾਲੀ ਨੂੰ ਅੱਗ ਲਗਾਉਣ ਵਾਲੇ ਕਿਸਾਨਾਂ ਦੇ ਪਿੰਡਾਂ ਨੂੰ ਦਿੱਤੀ ਜਾਣ ਵਾਲੀ ਗ੍ਰਾਂਟ ਬੰਦ ਕੀਤੀ ਜਾਵੇਗੀ ਅਤੇ ਕਿਸਾਨ ਵਿਰੁੱਧ ਧਾਰਾ 144 ਦੀ ਉਲੰਘਣਾ ਹੇਠ ਪੁਲਿਸ ਕੇਸ ਦਰਜ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਝੋਨੇ ਦੀ ਪਰਾਲੀ ਨਾ ਸਾੜਨ ਵਾਲੇ ਕਿਸਾਨਾਂ/ਪਿੰਡਾਂ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਨਮਾਨਿਤ ਕੀਤਾ ਜਾਵੇਗਾ ਅਤੇ ਪੰਚਾਇਤਾਂ ਨੂੰ ਵਿਸ਼ੇਸ਼ ਗ੍ਰਾਂਟਾ ਦਿੱਤੀਆਂ ਜਾਣਗੀਆਂ।

ਸ. ਦਿਲਰਾਜ ਸਿੰਘ ਨੇ ਝੋਨੇ ਦੀ ਪਰਾਲੀ ਨੂੰ ਸਾੜਨ ਦੇ ਨੁਕਸਾਨ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੋਨੇ ਦੀ ਰਹਿੰਦ-ਖੂੰਹਦ ਸਾੜਨ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਉੱਥੇ ਜ਼ਮੀਨ ਵਿਚਲੇ ਬਹੁਤ ਸਾਰੇ ਕੀਮਤੀ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਕਿਸਾਨਾਂ ਦੇ ਮਿੱਤਰ ਜੀਵ ਜੰਤੂ ਵੀ ਮਰ ਜਾਂਦੇ ਹਨ। ਇਸ ਤੋਂ ਇਲਾਵਾ ਝੋਨੇ ਦੀ ਰਹਿੰਦ-ਖੂੰਹਦ ਸਾੜਨ ਨਾਲ ਉਸ ਵਿਚੋਂ ਨਿਕਲਣ ਵਾਲੀਆਂ ਜ਼ਹਿਰੀਲੀਆਂ ਗੈਸਾਂ ਦਾ ਮਨੁੱਖੀ ਸਿਹਤ ‘ਤੇ ਮਾੜਾ ਅਸਰ ਪੈਂਦਾ ਹੈ ਅਤੇ ਧੂੰਏ ਕਾਰਨ ਸੜਕੀ ਦੁਰਘਟਨਾਵਾਂ ਵੀ ਵਾਪਰਦੀਆਂ ਹਨ। ਉਨ੍ਹਾਂ ਮੀਟਿੰਗ ‘ਚ ਹਾਜ਼ਰ ਸਮੂਹ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਪਿੰਡਾਂ ਦੀ ਵਿਉਂਤਬੰਦੀ ਕਰਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਲਈ ਜਾਗਰੂਕ ਕਰਨ ਦੇ ਆਦੇਸ਼ ਵੀ ਦਿੱਤੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਵੀ ਕਿਸਾਨਾਂ ਨੂੰ ਇਸ ਰੁਝਾਨ ਪ੍ਰਤੀ ਜਾਗਰੂਕ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਵੱਲੋਂ ਝੋਨੇ ਦੀ ਪਰਾਲੀ ਨੂੰ ਸੰਭਾਲਣ ਲਈ ਖੇਤੀ ਮਸ਼ੀਨਰੀ ‘ਤੇ ਸਬਸਿਡੀ ਉਪਲੱਬਧ ਕਰਵਾਈ ਜਾਂਦੀ ਹੈ, ਜਿਸ ਦਾ ਕਿਸਾਨਾਂ ਨੂੰ ਲਾਭ ਉਠਾਉਣਾ ਚਾਹੀਦਾ ਹੈ।

ਮੀਟਿੰਗ ਵਿੱਚ ਹੋਰਨਾਂ ਤੋ ਇਲਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਜਗਵਿੰਦਰਜੀਤ ਸਿੰਘ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਜੇਸ਼ ਤ੍ਰਿਪਾਠੀ, ਸਹਾਇਕ ਕਮਿਸ਼ਨਰ ਹਰਪ੍ਰੀਤ ਸਿੰਘ ਅਟਵਾਲ, ਉਪ ਮੰਡਲ ਮੈਜਿਸਟ੍ਰੇਟ ਮੋਗਾ/ਬਾਘਾਪੁਰਾਣਾ ਅਮਰਬੀਰ ਸਿੰਘ, ਉਪ ਮੰਡਲ ਮੈਜਿਸਟ੍ਰੇਟ ਨਿਹਾਲ ਸਿੰਘ ਵਾਲਾ ਸੁਖਹਰਪ੍ਰੀਤ ਸਿੰਘ, ਉਪ ਮੰਡਲ ਮੈਜਿਸਟ੍ਰੇਟ ਧਰਮਕੋਟ ਨਰਿੰਦਰ ਸਿੰਘ, ਤਹਿਸੀਲਦਾਰ ਮੋਗਾ ਲਖਵਿੰਦਰ ਸਿੰਘ, ਐਸ.ਪੀ ਪ੍ਰਿਥੀਪਾਲ ਸਿੰਘ ਅਤੇ ਮਾਲ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀ/ਨੁਮਾਇੰਦੇ ਹਾਜ਼ਰ ਸਨ।

--------------------

ਨੰ: ਪੀ.ਆਰ(ਪ੍ਰੈ ਰੀ)2017/517







